ਮਲਾਰ ਮਹਲਾ ੩ ॥ ਮੇਰਾ ਪ੍ਰਭੁ ਸਾਚਾ ਦੂਖ ਨਿਵਾਰਣੁ ਸਬਦੇ ਪਾਇਆ ਜਾਈ ॥ ਭਗਤੀ ਰਾਤੇ ਸਦ ਬੈਰਾਗੀ ਦਰਿ ਸਾਚੈ ਪਤਿ ਪਾਈ ॥੧॥ ਮਨ ਰੇ ਮਨ ਸਿਉ ਰਹਉ ਸਮਾਈ ॥ ਗੁਰਮੁਖਿ ਰਾਮ ਨਾਮਿ ਮਨੁ ਭੀਜੈ ਹਰਿ ਸੇਤੀ ਲਿਵ ਲਾਈ ॥੧॥ ਰਹਾਉ ॥ ਮੇਰਾ ਪ੍ਰਭੁ ਅਤਿ ਅਗਮ ਅਗੋਚਰੁ ਗੁਰਮਤਿ ਦੇਇ ਬੁਝਾਈ ॥ ਸਚੁ ਸੰਜਮੁ ਕਰਣੀ ਹਰਿ ਕੀਰਤਿ ਹਰਿ ਸੇਤੀ ਲਿਵ ਲਾਈ ॥੨॥ ਆਪੇ ਸਬਦੁ ਸਚੁ ਸਾਖੀ ਆਪੇ ਜਿਨ੍ਹ ਜੋਤੀ ਜੋਤਿ ਮਿਲਾਈ ॥ ਦੇਹੀ ਕਾਚੀ ਪਉਣੁ ਵਜਾਏ ਗੁਰਮੁਖਿ ਅੰਮ੍ਰਿਤੁ ਪਾਈ ॥੩॥ ਆਪੇ ਸਾਜੇ ਸਭ ਕਾਰੈ ਲਾਏ ਸੋ ਸਚੁ ਰਹਿਆ ਸਮਾਈ ॥ ਨਾਨਕ ਨਾਮ ਬਿਨਾ ਕੋਈ ਕਿਛੁ ਨਾਹੀ ਨਾਮੇ ਦੇਇ ਵਡਾਈ ॥੪॥੮॥ {ਪੰਨਾ 1260}

ਪਦ ਅਰਥ:- ਸਾਚਾ—ਸਦਾ ਕਾਇਮ ਰਹਿਣ ਵਾਲਾ। ਦੂਖ ਨਿਵਾਰਣੁ—ਦੁੱਖਾਂ ਦਾ ਦੂਰ ਕਰਨ ਵਾਲਾ। ਸਬਦੇ—ਸ਼ਬਦ ਦੀ ਰਾਹੀਂ ਹੀ। ਪਾਇਆ ਜਾਈ—ਮਿਲ ਸਕਦਾ ਹੈ। ਰਾਤੇ—ਰੰਗੇ ਹੋਏ। ਸਦ—ਸਦਾ। ਬੈਰਾਗੀ—ਮਾਇਆ ਦੇ ਮੋਹ ਤੋਂ ਨਿਰਲੇਪ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਪਤਿ—ਇੱਜ਼ਤ।1।

ਮਨ ਸਿਉ—ਮਨ ਨਾਲ, ਸੁਰਤਿ ਜੋੜ ਕੇ। ਰਹਉ ਸਮਾਈ—(ਪ੍ਰਭੂ-ਚਰਨਾਂ ਵਿਚ) ਮੈਂ ਲੀਨ ਰਹਿੰਦਾ ਹਾਂ (ਰਹਉਂ)। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਨਾਮਿ—ਨਾਮ ਵਿਚ। ਸੇਤੀ—ਨਾਲ। ਲਿਵ—ਲਗਨ।1। ਰਹਾਉ।

ਅਤਿ—ਬਹੁਤ। ਅਗਮ—ਅਪਹੁੰਚ। ਅਗੋਚਰੁ (ਅ-ਗੋ-ਚਰੁ) ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਦੇਇ—ਦੇਂਦਾ ਹੈ। ਬੁਝਾਈ—ਸੂਝ। ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ)। ਸੰਜਮੁ—ਜੀਵਨ-ਜੁਗਤਿ, ਇੰਦ੍ਰਿਆਂ ਨੂੰ ਵੱਸ ਵਿਚ ਰੱਖਣ ਦਾ ਜਤਨ। ਕਰਣੀ—(krxIX, ਕਰਣੀਯ) ਕਰਨ-ਜੋਗ ਕੰਮ, ਕਰਤੱਬ। ਕੀਰਤਿ—ਸਿਫ਼ਤਿ-ਸਾਲਾਹ।2।

ਸਚੁ—ਸਦਾ-ਥਿਰ ਪ੍ਰਭੂ। ਸਾਖੀ—ਸਿੱਖਿਆ। ਜੋਤਿ—ਜਿੰਦ, ਸੁਰਤਿ। ਕਾਚੀ—ਨਾਸਵੰਤ। ਪਉਣੁ—ਸੁਆਸ, ਹਵਾ, ਸਾਹ। ਵਜਾਏ—ਵਜਾ ਰਿਹਾ ਹੈ, ਚਲਾ ਰਿਹਾ ਹੈ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ।3।

ਆਪੇ—ਆਪ ਹੀ। ਸਾਜੇ—ਪੈਦਾ ਕਰਦਾ ਹੈ। ਸਭ—ਸਾਰੀ ਸ੍ਰਿਸ਼ਟੀ। ਕਾਰੈ—ਕਾਰ ਵਿਚ। ਨਾਮੇ—ਨਾਮ ਵਿਚ ਹੀ। ਵਡਾਈ—ਇੱਜ਼ਤ।4।

ਅਰਥ:- ਹੇ (ਮੇਰੇ) ਮਨ! ਮੈਂ (ਤਾਂ ਗੁਰੂ ਦੇ ਸਨਮੁਖ ਹੋ ਕੇ ਹੀ ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿ ਸਕਦਾ ਹਾਂ। ਗੁਰੂ ਦੀ ਸ਼ਰਨ ਪਿਆਂ ਹੀ (ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿੱਚ ਭਿੱਜਦਾ ਹੈ, (ਗੁਰੂ ਦੇ ਸਨਮੁਖ ਰਹਿ ਕੇ ਹੀ ਮਨੁੱਖ) ਪ੍ਰਭੂ ਨਾਲ ਸੁਰਤਿ ਜੋੜੀ ਰੱਖਦਾ ਹੈ।1। ਰਹਾਉ।

ਹੇ ਭਾਈ! ਮੇਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। (ਜੀਵਾਂ ਦੇ) ਦੁੱਖਾਂ ਨੂੰ ਦੂਰ ਕਰਨ ਵਾਲਾ ਹੈ (ਉਹ ਪ੍ਰਭੂ ਗੁਰੂ ਦੇ) ਸ਼ਬਦ ਦੀ ਰਾਹੀਂ ਮਿਲ ਸਕਦਾ ਹੈ। (ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੀ) ਭਗਤੀ ਵਿਚ ਰੰਗੇ ਰਹਿੰਦੇ ਹਨ, ਉਹ ਸਦਾ ਨਿਰਲੇਪ ਰਹਿੰਦੇ ਹਨ, ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਦਰ ਤੇ ਇੱਜ਼ਤ ਮਿਲਦੀ ਹੈ।1।

ਹੇ ਭਾਈ! ਪਿਆਰਾ ਪ੍ਰਭੂ (ਤਾਂ) ਬਹੁਤ ਅਪਹੁੰਚ ਹੈ ਉਸ ਤਕ ਗਿਆਨ-ਇੰਦ੍ਰਿਆਂ ਦੀ (ਭੀ) ਪਹੁੰਚ ਨਹੀਂ ਹੋ ਸਕਦੀ, (ਪਰ ਜਿਸ ਮਨੁੱਖ ਨੂੰ ਉਹ ਪ੍ਰਭੂ) ਗੁਰੂ ਦੀ ਮਤਿ ਦੀ ਰਾਹੀਂ (ਆਤਮਕ ਜੀਵਨ ਦੀ) ਸੂਝ ਬਖ਼ਸ਼ਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਸੁਰਤਿ ਜੋੜੀ ਰੱਖਦਾ ਹੈ, ਸਦਾ-ਥਿਰ ਹਰਿ-ਨਾਮ ਦਾ ਸਿਮਰਨ ਉਸ ਮਨੁੱਖ ਦਾ ਸੰਜਮ ਬਣਦਾ ਹੈ, ਪ੍ਰਭੂ ਦੀ ਸਿਫ਼ਤਿ-ਸਾਲਾਹ ਉਸ ਦੀ ਕਾਰ ਹੋ ਜਾਂਦੀ ਹੈ।2।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੀ ਸੁਰਤਿ (ਗੁਰੂ ਦੀ ਰਾਹੀਂ) ਪ੍ਰਭੂ ਦੀ ਜੋਤਿ ਵਿਚ ਜੁੜਦੀ ਹੈ (ਉਹਨਾਂ ਨੂੰ ਇਹ ਨਿਸਚਾ ਬਣ ਜਾਂਦਾ ਹੈ ਕਿ) ਸਦਾ-ਥਿਰ ਪ੍ਰਭੂ ਆਪ ਹੀ (ਗੁਰੂ ਦਾ) ਸ਼ਬਦ ਹੈ ਪ੍ਰਭੂ ਆਪ ਹੀ (ਗੁਰੂ ਦੀ) ਸਿਖਿਆ ਹੈ। ਹੇ

ਭਾਈ! (ਇਸ) ਨਾਸਵੰਤ ਸਰੀਰ ਵਿਚ (ਜਿਸ ਨੂੰ) ਹਰੇਕ ਸੁਆਸ ਤੋਰ ਰਿਹਾ ਹੈ, ਗੁਰੂ ਦੀ ਰਾਹੀਂ (ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੈਂਦਾ ਹੈ।3।

ਹੇ ਨਾਨਕ! (ਗੁਰੂ ਦੀ ਰਾਹੀਂ ਹੀ ਇਹ ਸਮਝ ਪੈਂਦੀ ਹੈ ਕਿ) ਜਿਹੜਾ ਪ੍ਰਭੂ ਆਪ ਹੀ ਸਾਰੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈ, ਤੇ, ਕਾਰੇ ਲਾਈ ਰੱਖਦਾ ਹੈ ਉਹ ਸਦਾ-ਥਿਰ ਪ੍ਰਭੂ ਸਭ ਥਾਈਂ ਵਿਆਪਕ ਹੈ। ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਭੀ ਜੀਵ ਕੋਈ ਪਾਇਆਂ ਨਹੀਂ ਰੱਖਦਾ, (ਜੀਵ ਨੂੰ ਪ੍ਰਭੂ ਆਪਣੇ) ਨਾਮ ਦੀ ਰਾਹੀਂ ਹੀ ਇੱਜ਼ਤ ਬਖ਼ਸ਼ਦਾ ਹੈ।4।8।